# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :16-12-2025**

1971 ਦੀ ਜੰਗ ਵਿੱਚ ਪਾਕਿਸਤਾਨ ਉੱਤੇ ਭਾਰਤ ਦੀ ਜਿੱਤ ਦੀ ਯਾਦ ਵਿੱਚ, ਦੇਸ਼ ਅੱਜ ਵਿਜੇ ਦਿਵਸ ਮਨਾ ਰਿਹਾ ਏ। ਦੇਸ਼ ਹਰ ਸਾਲ ਇਸ ਦਿਨ, ਬਹਾਦਰ ਯੋਧਿਆਂ ਦੀ ਸਰਬਉੱਚ ਕੁਰਬਾਨੀ ਨੂੰ ਯਾਦ ਕਰਦਾ ਏ। 1971 ਵਿੱਚ ਇਸ ਦਿਨ, ਪਾਕਿਸਤਾਨੀ ਫੌਜ ਦੇ ਮੁਖੀ ਜਨਰਲ, ਏ.ਏ. ਖਾਨ ਨਿਆਜ਼ੀ ਨੇ 93 ਹਜ਼ਾਰ ਫੌਜੀਆਂ ਦੇ ਨਾਲ, ਭਾਰਤੀ ਫੌਜ ਅਤੇ Mukti Bahini ਅੱਗੇ ਬਿਨਾਂ ਸ਼ਰਤ ਆਤਮ ਸਮਰਪਣ ਕਰ ਦਿੱਤਾ ਸੀ। ਇਸ ਦੇ ਨਤੀਜੇ ਵਜੋਂ ਪੂਰਬੀ ਪਾਕਿਸਤਾਨ, ਬੰਗਲਾਦੇਸ਼ ਦੇ ਰੂਪ ਵਿੱਚ ਅਲੱਗ ਦੇਸ਼ ਵਜੋਂ ਹੋਂਦ 'ਚ ਆਇਆ ਸੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ

ਨਰੇਂਦਰ ਮੋਦੀ, ਗ੍ਰਿਹ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਨਾਲ ਹੀ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੌਕੇ ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ, ਜਿਨ੍ਹਾਂ ਦੀ ਹਿੰਮਤ ਅਤੇ ਕੁਰਬਾਨੀ ਨੇ 1971 ਵਿੱਚ, ਇਤਿਹਾਸਕ ਜਿੱਤ ਨੂੰ ਯਕੀਨੀ ਬਣਾਇਆ। ਇਕ ਸੋਸ਼ਲ ਮੀਡੀਆ ਪੋਸਟ ਵਿਚ ਸ੍ਰੀ ਭਗਵੰਤ ਮਾਨ ਨੇ ਕਿਹੈ ਕਿ ਦੇਸ਼ ਨੂੰ ਆਪਣੇ ਯੋਧਿਆਂ ਦੀ ਬਹਾਦਰੀ ਤੇ ਹਮੇਸ਼ਾ ਮਾਣ ਰਹੇਗਾ।

-----------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ 25 ਤੋਂ 27 ਦਸੰਬਰ ਨੂੰ ਸ਼ਹੀਦੀ ਸਭਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕਰਨ ਦੇ ਆਦੇਸ਼ ਦਿੱਤੇ ਨੇ। ਚੰਡੀਗੜ੍ਹ ਵਿਖੇ ਬੀਤੇ ਕੱਲ੍ਹ ਸ਼ਹੀਦੀ ਸਭਾ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਕੀਤੀ ਮੀਟਿੰਗ ਦੀ ਪ੍ਰਧਾਨਗੀ

ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਵਿੱਤਰ ਧਰਤੀ ‘ਤੇ ਨਤਮਸਤਕ ਹੋਣ ਲਈ ਕਰੀਬਨ 50 ਲੱਖ ਸ਼ਰਧਾਲੂਆਂ ਦੇ ਪਹੁੰਚਣ ਦੀ ਸੰਭਾਵਨਾ ਏ । ਉਨ੍ਹਾਂ ਕਿਹਾ ਕਿ ਇਸ ਮਹਾਨ ਧਰਤੀ ’ਤੇ ਸਾਹਿਬਾਜ਼ਾਦਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਫਤਹਿ ਸਿੰਘ ਜੀ ਨੇ ਮਾਤਾ ਗੁਜਰੀ ਜੀ ਨਾਲ ਲਾਸਾਨੀ ਸ਼ਹਾਦਤ ਦਿੱਤੀ ਸੀ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੰਗਤ ਦੀ ਵੱਡੀ ਆਮਦ ਦੇ ਮੱਦੇਨਜ਼ਰ ਪੂਰੇ ਜ਼ਿਲ੍ਹੇ ਨੂੰ ਸੈਕਟਰਾਂ ਵਿੱਚ ਵੰਡਿਆ ਜਾਵੇ ਅਤੇ ਹਰੇਕ ਸੈਕਟਰ ਦੀ ਨਿਗਰਾਨੀ ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਵੱਲੋਂ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ 300 ਆਰਜ਼ੀ ਪਖਾਨੇ ਸਥਾਪਤ ਕੀਤੇ ਜਾਣ ਅਤੇ ਪ੍ਰਮੁੱਖ ਥਾਵਾਂ ’ਤੇ ਐਂਬੂਲੈਂਸਾਂ ਅਤੇ ਅੱਗ ਬੁਝਾਊ ਗੱਡੀਆਂ ਤਾਇਨਾਤ ਕੀਤੀਆਂ ਜਾਣ ਤਾਂ ਜੋ ਲੋੜ ਪੈਣ ’ਤੇ ਤੁਰੰਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਸ਼ਹਿਰ

ਵਿੱਚ 300 ਤੋਂ ਵੱਧ ਸੀਸੀਟੀਵੀ ਕੈਮਰੇ ਲਾਏ ਜਾਣ ਤਾਂ ਜੋ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਨਜ਼ਰ ਰੱਖੀ ਜਾ ਸਕੇ।

---------------------------------------------

ਰੂਪਨਗਰ ਸਥਿਤ ਇਤਿਹਾਸਿਕ ਗੁਰਦੁਆਰਾ ਸ੍ਰੀ ਭੱਠਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਸਾਲਾਨਾ ਤਿੰਨ ਰੋਜ਼ਾ ਸ਼ਹੀਦੀ ਜੋੜ ਮੇਲ ਅੱਜ ਸ਼ੁਰੂ ਹੋ ਗਿਆ ਏ। ਇਸੇ ਤਹਿਤ ਅੱਜ ਸਵੇਰੇ ਗੁਰਦੁਆਰਾ ਗੁਰੂਗੜ੍ਹ ਸਦਾਵਰਤ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਸਜਾਇਆ। ਇਸੇ ਦੌਰਾਨ ਗੁਰਦੁਆਰਾ ਭੱਠਾ ਸਾਹਿਬ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਆਰੰਭੇ ਗਏ ਜਿਹਨਾਂ ਦੇ ਭੋਗ 18 ਦਸੰਬਰ ਨੂੰ ਪਾਏ ਜਾਣਗੇ।

-------------------------------------------

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ

ਗੁਰਮੀਤ ਸਿੰਘ ਮੀਤ ਹੇਅਰ ਨੇ ਸੰਸਦ ਵਿੱਚ ਜ਼ਿਮਨੀ ਮੰਗਾਂ ਉਤੇ ਬੋਲਦਿਆਂ ਭਖਦੇ ਮੁੱਦੇ ਉਠਾਏ ਅਤੇ ਗ੍ਰਾਂਟਾਂ ਦੀ ਮੰਗ ਕੀਤੀ। ਮੀਤ ਹੇਅਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪੱਕੇ ਕਰਨ ਦੇ ਨਾਲ ਉਨ੍ਹਾਂ ਨੂੰ ਮਿਲਦੇ ਨਿਗੂਣੇ ਭੱਤੇ ਵਧਾਉਣ, ਪੰਜਾਬ ਨੂੰ ਹੜ੍ਹਾਂ ਦੇ ਐਲਾਨੇ 1600 ਕਰੋੜ ਰੁਪਏ ਦੇ ਪੈਕੇਜ ਦੇ ਨਾਲ ਪੰਜਾਬ ਦੇ ਹੋਏ ਅਸਲ ਨੁਕਸਾਨ ਦੀ ਭਰਪਾਈ ਲਈ 20 ਹਜ਼ਾਰ ਕਰੋੜ ਦੇਣ ਦੀ ਮੰਗ ਉਠਾਈ। ਉਨ੍ਹਾਂ ਮਰਦਮਸ਼ੁਮਾਰੀ ਨਾ ਹੋਣ ਕਾਰਨ ਵਧਦੀ ਆਬਾਦੀ ਦੇ ਮੱਦੇਨਜ਼ਰ ਜਨਤਕ ਵੰਡ ਪ੍ਰਣਾਲੀ ਤਹਿਤ ਨਵੇਂ ਰਾਸ਼ਨ ਕਾਰਡ ਤੁਰੰਤ ਬਣਾਉਣ ਦੀ ਵੀ ਮੰਗ ਕੀਤੀ। ਮੀਤ ਹੇਅਰ ਨੇ ਖੇਡਾਂ ਵਿੱਚ ਜਾਰੀ ਹੁੰਦੀਆਂ ਗ੍ਰਾਂਟਾਂ ਵਿੱਚ ਸੂਬਿਆਂ ਦੇ ਖੇਡ ਪ੍ਰਦਰਸ਼ਨ ਨੂੰ ਆਧਾਰ ਬਣਾਉਣ ਦੀ ਗੱਲ ਵੀ ਆਖੀ।

---------------------------------------------------

ਪੰਜਾਬ ਵਿੱਚ ਜੰਗਲੀ ਜੀਵਾਂ ਦੀ ਸੁਰੱਖਿਆ ਅਤੇ ਉਨਾਂ ਨਾਲ ਜੁੜੇ ਅਪਰਾਧਾਂ ਨੂੰ ਰੋਕਣ ਲਈ ਵਿਭਾਗ ਵੱਲੋਂ ਬਣਾਈ ਗਈ

ਟੀਮ ਵੱਲੋਂ ਨਕੋਦਰ ਵਾਸੀ ਬੋਨੀ ਅਰੋੜਾ ਤੇ ਦੋ ਹੋਰ ਵਿਅਕਤੀਆਂ ਨੂੰ ਜੰਗਲੀ ਜੀਵ ਸਾਂਬਰ ਦੇ ਦੋ ਕੱਟੇ ਹੋਏ ਸਿੰਗ ਦੇ ਪੀਸ, ਹੱਥਾਜੋੜੀ ਦੇ 6 ਪੀਸ ਅਤੇ ਜੰਗਲੀ ਬਿੱਲੀ ਦੀ ਜ਼ੇਰ ਸਮੇਤ ਗ੍ਰਿਫਤਾਰ ਕੀਤਾ ਏ। ਮੁਲਜ਼ਮਾਂ ਖਿਲਾਫ ਪੁਲਿਸ ਥਾਣਾ ਨਕੋਦਰ ਵਿਖ਼ੇ ਜੰਗਲੀ ਜੀਵ ਸੁਰੱਖਿਆ ਐਕਟ ਤਹਿਤ ਪੁਲਿਸ ਪਰਚਾ ਦਰਜ ਕਰਵਾਇਆ ਗਿਆ ਏ। ਇਸ ਮੌਕੇ ਰੇਂਜ ਅਫਸਰ ਜਸਵੰਤ ਸਿੰਘ ਨੇ ਦੱਸਿਆ ਕਿ ਜੰਗਲੀ ਜੀਵਾਂ ਦਾ ਕਾਰੋਬਾਰ ਕਰਨਾ ਸਜ਼ਾਯੋਗ ਅਪਰਾਧ ਏ ਅਤੇ ਅਜਿਹਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਓਹਨਾ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਕੇਸ ਨਾਲ ਸਬੰਧਤ ਹੋਰ ਦੋਸ਼ੀਆਂ ਬਾਰੇ ਵੀ ਤਫਤੀਸ਼ ਜਾਰੀ ਏ।

---------------------------------------------

ਲੁਧਿਆਣਾ ਸ਼ਹਿਰ ਵਿੱਚ ਅਣਅਧਿਕਾਰਤ ਪੋਸਟਰਾਂ, ਗ੍ਰੈਫਿਟੀ, ਬੈਨਰਾਂ, ਕੰਧ ਲਿਖਤਾਂ ਅਤੇ ਜਨਤਕ ਕੰਧਾਂ,

ਬੁਨਿਆਦੀ ਢਾਂਚੇ ਅਤੇ ਜਾਇਦਾਦਾਂ 'ਤੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਰਾਹੀਂ ਇਸ਼ਤਿਹਾਰਬਾਜ਼ੀ ਰੋਕਣ ਲਈ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸਖ਼ਤ ਨਿਰਦੇਸ਼ ਜਾਰੀ ਕੀਤੇ ਨੇ। ਉਨ੍ਹਾਂ ਨਗਰ ਨਿਗਮ ਕਮਿਸ਼ਨਰ ਨੂੰ ਸ਼ਹਿਰ ਵਿੱਚੋਂ ਅਣਅਧਿਕਾਰਤ ਇਸ਼ਤਿਹਾਰਬਾਜ਼ੀ ਨੂੰ ਤੁਰੰਤ ਹਟਾਉਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਕਿਹਾ ਕਿ ਵਾਰਡਵਾਰ ਨਿਗਰਾਨੀ ਅਤੇ ਸਫਾਈ ਕਾਰਜਾਂ ਇੱਕ ਨੋਡਲ ਅਧਿਕਾਰੀ ਦੇ ਅਧੀਨ ਇੱਕ ਸਮਰਪਿਤ ਟੀਮ ਦਾ ਗਠਨ ਕੀਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਹਫਤਾਵਾਰੀ ਸਥਿਤੀ ਰਿਪੋਰਟਾਂ, ਸਾਫ਼ ਕੀਤੇ ਗਏ ਸਥਾਨਾਂ, ਨਵੇਂ ਮਾਮਲਿਆਂ ਦੀ ਪਛਾਣ ਅਤੇ ਕੀਤੀਆਂ ਗਈਆਂ ਕਾਰਵਾਈਆਂ ਦਾ ਵੇਰਵਾ ਹਰ ਸੋਮਵਾਰ ਨੂੰ ਡੀ.ਸੀ. ਦਫ਼ਤਰ ਨੂੰ ਜਮ੍ਹਾਂ ਕਰਵਾਉਣਾ ਹੋਵੇਗਾ।

----------------------------------------

ਮੌਸਮ ਵਿਭਾਗ ਨੇ ਭਲਕੇ ਤੱਕ ਪੰਜਾਬ, ਹਰਿਆਣਾ,

ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਅਗਲੇ ਤਿੰਨ ਤੋਂ ਚਾਰ ਦਿਨਾਂ ਤੱਕ, ਉੱਤਰ-ਪੂਰਬੀ ਭਾਰਤ ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਬਣੇ ਰਹਿਣ ਦੀ ਸੰਭਾਵਨਾ ਏ।

---------------------------------------------